# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :27-06-2026**

**ਪਹਿਲਾਂ ਬੁਲੇਟਿਨ ਦੀਆਂ ਖਾਸ ਖ਼ਬਰਾਂ |**

- ਉਪ-ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਕਿਹਾ ਏ ਕਿ MSME ਖੇਤਰ, ਦੇਸ਼ ਦੀ ਆਰਥਿਕਤਾ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦਾ ਏ |

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਅਗਲੇ ਪੜਾਅ 'ਸੂਰਮਾ' ਮੁਹਿੰਮ ਦੀ ਸ਼ੁਰੂਆਤ । ਨਸ਼ਾ ਛੱਡ ਚੁੱਕੇ ਨੌਜਵਾਨ ਹੋਰਨਾਂ ਲੋਕਾਂ ਨੂੰ ਨਸ਼ਾ ਛੱਡਣ ‘ਚ ਕਰਨਗੇ ਮਦਦ |

- ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਨਸ਼ਿਆਂ ਦੀ ਦੁਰਵਰਤੋਂ ਅਤੇ ਗੈਰ-ਕਾਨੂੰਨੀ ਤਸਕਰੀ ਨੂੰ ਖਤਮ ਕਰਨ ਲਈ ਇੱਕ ਸਾਂਝੀ ਸਮਾਜਿਕ ਲਹਿਰ ਦਾ ਸੱਦਾ ਦਿੱਤਾ ਏ ।

- ਪੰਜਾਬ ਪੁਲਿਸ ਨੇ ਅੰਮ੍ਰਿਤਸਰ ਵਿੱਚ, ਸਰਹੱਦ ਪਾਰੋਂ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਦੇ ਇੱਕ ਹੋਰ ਨੈੱਟਵਰਕ ਦਾ ਪਰਦਾਫਾਸ਼ ਕਰਦਿਆਂ, 4 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਏ।

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਸਵੇਰੇ 11 ਵਜੇ ਆਕਾਸ਼ਵਾਣੀ 'ਤੇ "ਮਨ ਕੀ ਬਾਤ" ਪ੍ਰੋਗਰਾਮ ਵਿੱਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ।

**ਹੁਣ ਖ਼ਬਰਾਂ ਵਿਸਥਾਰ ਨਾਲ**

ਉਪ-ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਕਿਹਾ ਏ ਕਿ ਸੂਖਮ, ਛੋਟੇ ਅਤੇ ਦਰਮਿਆਨੇ ਉੱਦਮ (ਐਮ.ਐਸ.ਐਮ.ਈ.) ਖੇਤਰ ਦੇਸ਼ ਦੀ ਆਰਥਿਕਤਾ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦਾ ਏ। ਨਵੀਂ ਦਿੱਲੀ ਵਿੱਚ ਐਮ.ਐਸ.ਐਮ.ਈ. ਦਿਵਸ 'ਤੇ ਬੋਲਦਿਆਂ, ਉਨ੍ਹਾਂ ਕਿਹਾ ਕਿ ਭਾਰਤ ਵਿੱਚ, ਇਹ ਖੇਤਰ ਪਹਿਲੀ ਪੀੜ੍ਹੀ ਦੇ ਉੱਦਮੀਆਂ ਦੀ ਹਿੰਮਤ ਅਤੇ ਉੱਦਮਸ਼ੀਲਤਾ ਨੂੰ ਦਰਸਾਉਂਦਾ ਏ। ਉਨ੍ਹਾਂ ਅੱਗੇ ਕਿਹਾ ਕਿ ਐਮ.ਐਸ.ਐਮ.ਈ. ਖੇਤਰ ਦੇਸ਼ ਦੀਆਂ ਕੁਲ ਬਰਾਮਦਾਂ ਵਿੱਚ ਕਰੀਬ 50 ਫੀਸਦੀ ਯੋਗਦਾਨ ਪਾਉਂਦਾ ਏ।

-----------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਅਗਲੇ ਪੜਾਅ 'ਤੇ ਲਿਜਾਂਦਿਆਂ 'ਸੂਰਮਾ' ਮੁਹਿੰਮ ਦੀ ਸ਼ੁਰੂਆਤ ਕੀਤੀ। ਇਸ ਦੌਰਾਨ ਉਨ੍ਹਾਂ ਨੇ ਨਸ਼ਾ ਮੁਕਤ ਹੋਏ ਨੌਜਵਾਨਾਂ ਨੂੰ ਵਿਸ਼ੇਸ਼ ਤੌਰ 'ਤੇ ਤਿਆਰ ਕੀਤੀਆਂ 'ਸੂਰਮਾ' ਮੁੰਦਰੀਆਂ ਅਤੇ ਟੀ-ਸ਼ਰਟਾਂ ਨਾਲ ਸਨਮਾਨਿਤ ਕੀਤਾ। ਇਸ ਮੌਕੇ ਆਪਣੇ ਸੰਬੋਧਨ 'ਚ ਇਸ ਨੂੰ ਸੂਬੇ ਦੀ ਨਸ਼ਾ ਵਿਰੋਧੀ ਮੁਹਿੰਮ ਦਾ ਅਗਲਾ ਪੜਾਅ ਦੱਸਦਿਆਂ ਉਨ੍ਹਾਂ ਨੇ ਕਿਹਾ ਕਿ ਇਸ ਉਪਰਾਲੇ ਦਾ ਉਦੇਸ਼ ਨਸ਼ਾ ਛੱਡ ਚੁੱਕੇ ਨੌਜਵਾਨਾਂ ਨੂੰ 'ਉਮੀਦ ਦੇ ਦੂਤ' ਵਜੋਂ ਪੇਸ਼ ਕਰਨਾ ਏ, ਜੋ ਜ਼ਮੀਨੀ ਪੱਧਰ 'ਤੇ ਨਸ਼ਿਆਂ ਖ਼ਿਲਾਫ਼ ਜੰਗ ਦੀ ਅਗਵਾਈ ਕਰਨਗੇ। ਦੋ ਸਾਲਾਂ ਤੋਂ ਵੱਧ ਸਮੇਂ ਤੋਂ ਨਸ਼ਾ ਮੁਕਤ ਰਹਿਣ ਵਾਲੇ ਵਿਅਕਤੀਆਂ ਦਾ ਸਨਮਾਨ ਕਰਦਿਆਂ ਉਨ੍ਹਾਂ ਨੇ ਐਲਾਨ ਕੀਤਾ ਕਿ ਇਹ ਨੌਜਵਾਨ ਨਾ ਸਿਰਫ਼ ਦੂਜਿਆਂ ਨੂੰ ਨਸ਼ਾ ਛੱਡਣ ਲਈ ਪ੍ਰੇਰਿਤ ਕਰਨਗੇ, ਸਗੋਂ ਸੂਬਾ ਸਰਕਾਰ ਵੱਲੋਂ ਉਨ੍ਹਾਂ ਨੂੰ ਰੋਜ਼ਗਾਰ ਦੇ ਮੌਕੇ ਵੀ ਮੁਹੱਈਆ ਕਰਵਾਏ ਜਾਣਗੇ।

BYTE

ਮੁੱਖ ਮੰਤਰੀ ਨੇ ਕਿਹਾ ਕਿ ਇਹ ਸੂਰਮੇ ਹੁਣ 'ਅੰਬੈਸਡਰ ਆਫ਼ ਰਿਕਵਰੀ' ਵਜੋਂ ਸਰਕਾਰ ਦੇ ਨਾਲ ਰਲ ਕੇ ਕੰਮ ਕਰਨਗੇ, ਜੋ ਹੋਰਨਾਂ ਲੋਕਾਂ ਨੂੰ ਨਸ਼ੇ ਦੀ ਲਤ ਤੋਂ ਛੁਟਕਾਰਾ ਪਾਉਣ ਅਤੇ ਆਪਣੀ ਜ਼ਿੰਦਗੀ ਨੂੰ ਮੁੜ ਨਵੇਂ ਸਿਰਿਓਂ ਸ਼ੁਰੂ ਕਰਨ ਲਈ ਪ੍ਰੇਰਿਤ ਕਰਨਗੇ। ਓਹਨਾਂ ਨੇ ਨਸ਼ਿਆਂ ਵਿਰੁੱਧ

ਲੜ੍ਹ ਰਹੇ ਹਰ ਵਿਅਕਤੀ ਨੂੰ ਸਮਰਪਿਤ ਇੱਕ ਪ੍ਰੇਰਨਾਦਾਇਕ ਗੀਤ ਵੀ ਲਾਂਚ ਕੀਤਾ ਅਤੇ ਐਲਾਨ ਕੀਤਾ ਕਿ ਸੂਰਮਾ ਪ੍ਰੋਗਰਾਮ ਹੁਣ ਪੰਜਾਬ ਦੇ ਹਰ ਜ਼ਿਲ੍ਹੇ ਅਤੇ ਪਿੰਡ ਤੱਕ ਪਹੁੰਚੇਗਾ। ਮੁਖ ਮੰਤਰੀ ਨੇ ਕਿਹਾ ਕਿ ਜਿਨ੍ਹਾਂ ਵਿਅਕਤੀਆਂ ਨੇ ਨਸ਼ਾ ਛਡਾਊ ਇਲਾਜ ਸਫ਼ਲਤਾ ਨਾਲ ਪੂਰਾ ਕਰ ਲਿਆ ਏ ਅਤੇ ਘੱਟੋ-ਘੱਟ ਦੋ ਸਾਲਾਂ ਤੋਂ ਨਸ਼ੇ ਤੋਂ ਦੂਰੀ ਬਣਾਈ ਰੱਖੀ ਏ , ਉਹ ਵਟਸਐਪ ਉੱਪਰ 97-79-14-22-00 'ਤੇ "Soorma" ਲਿਖ ਕੇ ਮੈਸੇਜ ਭੇਜ ਕੇ ਇਸ ਪ੍ਰੋਗਰਾਮ ਲਈ ਖ਼ੁਦ ਨੂੰ ਰਜਿਸਟਰ ਕਰ ਸਕਦੇ ਨੇ. ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਯੋਗ ਵਿਅਕਤੀਆਂ ਨੂੰ ਉਨ੍ਹਾਂ ਦੀ ਬੇਮਿਸਾਲ ਹਿੰਮਤ ਲਈ ਮਾਨਤਾ ਦਿੱਤੀ ਜਾਵੇਗੀ ਅਤੇ ਉਹ ਪੰਜਾਬ ਦੀ ਨਸ਼ਿਆਂ ਵਿਰੁੱਧ ਚੱਲ ਰਹੀ ਜੰਗ ਵਿੱਚ ਚੈਂਪੀਅਨ ਵਜੋਂ ਸੇਵਾ ਕਰਨਗੇ।

---------------------------------------------------

ਨਸ਼ਾਖੋਰੀ ਅਤੇ ਗੈਰ-ਕਾਨੂੰਨੀ ਤਸਕਰੀ ਵਿਰੁੱਧ ਅੰਤਰਰਾਸ਼ਟਰੀ ਦਿਵਸ 2026 ਦੇ ਸੰਬੰਧ ‘ਚ, ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਨਗਰ ਨਿਗਮ ਚੰਡੀਗੜ੍ਹ ਦੇ ਇੱਕ ਵਿਸ਼ੇਸ਼ ਸੈਸ਼ਨ ਨੂੰ ਸੰਬੋਧਨ ਕੀਤਾ. ਆਪਣੇ ਸੰਬੋਧਨ ‘ਚ ਰਾਜਪਾਲ ਨੇ ਨਸ਼ਿਆਂ ਦੀ ਦੁਰਵਰਤੋਂ ਅਤੇ ਗੈਰ-ਕਾਨੂੰਨੀ ਤਸਕਰੀ ਨੂੰ ਖਤਮ ਕਰਨ ਲਈ ਇੱਕ ਸਾਂਝੀ ਸਮਾਜਿਕ ਲਹਿਰ ਦਾ ਸੱਦਾ ਦਿੱਤਾ। ਸ੍ਰੀ ਕਟਾਰੀਆ ਨੇ ਨਸ਼ਿਆਂ ਦੀ ਦੁਰਵਰਤੋਂ ਨੂੰ ਸਮਾਜ, ਜਨਤਕ ਸਿਹਤ, ਸੁਰੱਖਿਆ ਅਤੇ

ਨੌਜਵਾਨਾਂ ਦੇ ਭਵਿੱਖ ਨੂੰ ਪ੍ਰਭਾਵਿਤ ਕਰਨ ਵਾਲਾ ਇੱਕ ਆਲਮੀ ਖ਼ਤਰਾ ਦੱਸਿਆ। ਨਸ਼ਿਆਂ ਦੇ ਤਸਕਰਾਂ ਵਲੋਂ ਸਕੂਲਾਂ ਅਤੇ ਕਾਲਜਾਂ ਤੋਂ ਸਥਾਨਕ ਭਾਈਚਾਰਿਆਂ ਵਿੱਚ ਨਸ਼ਾ ਫੈਲਾਉਣ ਦੀਆਂ ਕੋਸ਼ਿਸ਼ਾਂ 'ਤੇ ਚਿੰਤਾ ਪ੍ਰਗਟ ਕਰਦੇ ਹੋਏ, ਉਨ੍ਹਾਂ ਕਿਹਾ ਕਿ ਗੁਆਂਢੀ ਰਾਜਾਂ ਨਾਲ ਲੱਗਦੇ ਚੰਡੀਗੜ੍ਹ ਦੀ ਰਣਨੀਤਕ ਸਥਿਤੀ ਇਸਨੂੰ ਗੈਰ-ਕਾਨੂੰਨੀ ਤਸਕਰੀ ਪ੍ਰਤੀ ਨਾਜ਼ੁਕ ਬਣਾਉਂਦੀ ਏ. ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਨਸ਼ੇ ਕਾਰਨ ਗੁਆਚੀ ਹਰ ਨੌਜਵਾਨ ਜਾਨ ਪਰਿਵਾਰਾਂ ਨੂੰ ਕਮਜ਼ੋਰ ਕਰਦੀ ਏ ਅਤੇ ਦੇਸ਼ ਨੂੰ ਆਪਣੀ ਕੀਮਤੀ ਯੁਵਾ ਸ਼ਕਤੀ ਤੋਂ ਵਾਂਝਾ ਕਰਦੀ ਏ। ਰਾਜਪਾਲ ਨੇ ਇਹ ਵੀ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਸਿਰਫ਼ ਕਾਨੂੰਨ ਲਾਗੂ ਕਰਨ ਰਾਹੀਂ ਨਹੀਂ ਜਿੱਤੀ ਜਾ ਸਕਦੀ ਤੇ ਉਨ੍ਹਾਂ ਨਗਰ ਨਿਗਮ ਨੂੰ ਹਰ ਵਾਰਡ ਵਿੱਚ ਜਾਗਰੂਕਤਾ ਪ੍ਰੋਗਰਾਮ ਸ਼ੁਰੂ ਕਰਨ, ਕਮਿਊਨਿਟੀ ਸੈਂਟਰਾਂ ਵਿੱਚ ਕਾਊਂਸਲਿੰਗ ਸੈਸ਼ਨ ਕਰਾਉਣ ਅਤੇ ਸਕੂਲਾਂ, ਕਾਲਜਾਂ, ਰੈਜ਼ੀਡੈਂਟ ਵੈਲਫੇਅਰ ਐਸੋਸੀਏਸ਼ਨਾਂ, ਔਰਤਾਂ ਦੇ ਸਮੂਹਾਂ, ਯੁਵਾ ਕਲੱਬਾਂ ਅਤੇ ਸਵੈ-ਇੱਛੁਕ ਸੰਗਠਨਾਂ ਨੂੰ ਸਰਗਰਮੀ ਨਾਲ ਸ਼ਾਮਿਲ ਕਰਨ ਦੀ ਅਪੀਲ ਕੀਤੀ। ਓਹਨਾਂ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਦੀ ਵਕਾਲਤ ਕਰਦੇ ਹੋਏ, ਨਸ਼ੇ ਨਾਲ ਜੂਝ ਰਹੇ ਨੌਜਵਾਨਾਂ ਲਈ ਹਮਦਰਦੀ-ਪੂਰਨ ਮੁੜ੍ਹ ਵਸੇਬੇ ਅਤੇ ਸਮਾਜਿਕ ਪੁਨਰ-ਗਠਨ 'ਤੇ ਜ਼ੋਰ ਦਿੱਤਾ।

--------------------------------------------------------

ਪੰਜਾਬ ਪੁਲਿਸ ਨੇ ਅੱਜ ਅੰਮ੍ਰਿਤਸਰ ਵਿੱਚ, ਸਰਹੱਦ ਪਾਰੋਂ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਦੇ ਇੱਕ ਹੋਰ ਨੈੱਟਵਰਕ ਦਾ ਪਰਦਾਫਾਸ਼ ਕਰਦਿਆਂ, 4 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਏ। ਉਨ੍ਹਾਂ ਦੇ ਕਬਜ਼ੇ ਵਿੱਚੋਂ, 10 ਆਧੁਨਿਕ ਪਿਸਤੌਲਾਂ ਅਤੇ ਜ਼ਿੰਦਾ ਕਾਰਤੂਸ ਬਰਾਮਦ ਕੀਤੇ ਗਏ ਨੇ। ਅੰਮ੍ਰਿਤਸਰ ਵਿੱਚ ਪਿਛਲੇ ਕੁਝ ਦਿਨਾਂ ਵਿੱਚ ਇਹ ਦੂਜੀ ਅਜਿਹੀ ਬਰਾਮਦਗੀ ਏ। ਸ਼ੁੱਕਰਵਾਰ ਨੂੰ, ਨਵੀਂ ਦਿੱਲੀ ਵਿੱਚ ਰਹਿ ਰਹੇ ਇੱਕ ਅਫਗਾਨ ਨਾਗਰਿਕ ਸਮੇਤ 7 ਮੁਲਜ਼ਮਾਂ ਤੋਂ ਦੋ ਸਬ-ਮਸ਼ੀਨ Guns, ਨਸ਼ੀਲੇ ਪਦਾਰਥ ਅਤੇ ਵੱਡੀ ਗਿਣਤੀ ਵਿੱਚ ਹਵਾਲਾ money ਸਮੇਤ 10 ਆਧੁਨਿਕ ਹਥਿਆਰ ਬਰਾਮਦ ਕੀਤੇ ਗਏ ਸਨ। ਦੋਵਾਂ ਮਾਮਲਿਆਂ ਵਿੱਚ, ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ, ਵਿਦੇਸ਼ੀ ਤਸਕਰਾਂ ਦੇ ਇਸ਼ਾਰੇ 'ਤੇ ਕੰਮ ਕਰ ਰਹੇ ਸਨ ਅਤੇ ਅਪਰਾਧਿਕ ਅਨਸਰਾਂ ਨੂੰ ਅੱਗੇ ਸਪਲਾਈ ਕਰਨ ਲਈ, ਸਰਹੱਦ ਪਾਰੋਂ, ਗੈਰ-ਕਾਨੂੰਨੀ ਹਥਿਆਰਾਂ ਦੀ ਖੇਪ ਹਾਸਿਲ ਕਰ ਰਹੇ ਸਨ। ਮਾਮਲੇ ਦੀ ਅਗਲੇਰੀ ਜਾਂਚ ਜਾਰੀ ਏ।

--------------------------------------------------------

ਪੰਜਾਬ ਸਰਕਾਰ ਵਲੋਂ ਭਲਕੇ 28 ਜੂਨ ਨੂੰ ਸਰਕਾਰੀ ਕਾਲਜ ਸਟੇਡੀਅਮ ਗੁਰਦਾਸਪੁਰ ਵਿਖੇ ‘ਏਕ ਸ਼ਾਮ ਭਗਵਾਨ ਸ਼ਿਵ ਦੇ ਨਾਮ’ ਤਹਿਤ ਪੋਗਰਾਮ ਕਰਵਾਇਆ ਜਾ ਰਿਹਾ ਏ । ਪ੍ਰੋਗ੍ਰਾਮ ਵਿਚ ਵਿਸ਼ਵ ਪ੍ਰਸਿੱਧ ਸ਼ਿਵ ਭਗਤ ਗਾਇਕ ਹੰਸਰਾਜ ਰਘੂਵੰਸੀ, ਭਗਵਾਨ ਸਿਵ ਦਾ

ਗੁਣਗਾਨ ਕਰਨਗੇ। ਡਿਪਟੀ ਕਮਿਸ਼ਨਰ ਆਦਿਤਿਆ ਉੱਪਲ ਨੇ ਇਸ ਸੰਬੰਧ ‘ਚ ਕੀਤੀਆਂ ਜਾ ਰਹੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਸਰਕਾਰੀ ਕਾਲਜ ਗੁਰਦਾਸਪੁਰ ਵਿਖੇ ਸਿਵਲ ਤੇ ਪੁਲਿਸ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ। ਇਸ ਮੌਕੇ ਐੱਸ ਐੱਸ ਪੀ ਗੁਰਦਾਸਪੁਰ ਆਦਿਤਿਆ ਵੀ ਮੌਜੂਦ ਸਨ। ਸ੍ਰੀ ਉੱਪਲ ਨੇ ਲੋਕਾਂ ਨੂੰ ਇਸ ਪ੍ਰੋਗ੍ਰਾਮ ‘ਚ ਵੱਡੀ ਗਿਣਤੀ ‘ਚ ਪਹੁੰਚਣ ਦਾ ਸੱਦਾ ਦਿੱਤਾ ਤੇ ਵਧੇਰੇ ਜਾਣਕਾਰੀ ਸਾਂਝੀ ਕੀਤੀ

BYTE

ਇਸ ਪ੍ਰੋਗ੍ਰਾਮ ਦੇ ਮੱਦੇਨਜ਼ਰ ਟ੍ਰੈਫਿਕ ਸੰਬੰਧੀ ਵੀ ਵਿਸ਼ੇਸ਼ ਪ੍ਰਬੰਧ ਕੀਤੇ ਗਏ ਨੇ. ਇਹਨਾਂ ਬਾਰੇ ਵੇਰਵੇ ਦਿੰਦਿਆਂ ਐੱਸ ਐੱਸ ਪੀ ਗੁਰਦਾਸਪੁਰ ਨੇ ਕਿਹਾ

BYTE

---------------------------------------------------

ਜੰਮੂ-ਕਸ਼ਮੀਰ ਪੁਲਿਸ ਨੇ ਅਮਰਨਾਥ ਯਾਤਰਾ ਦੀ ਸੁਰੱਖਿਆ ਨੂੰ ਮਜ਼ਬੂਤ ਕਰਨ ਲਈ ਇੱਕ ਤਕਨਾਲਜੀ-ਅਧਾਰਿਤ ਨਿਗਰਾਨੀ ਪ੍ਰਣਾਲੀ, ਪ੍ਰੋਜੈਕਟ HOCK EYE ਸ਼ੁਰੂ ਕੀਤੀ ਏ । ਇਸ ਪਹਿਲਕਦਮੀ ਤਹਿਤ, ਯਾਤਰਾ ਰੂਟ ਦੀ 24 ਘੰਟੇ ਡਰੋਨ ਦੀ ਵਰਤੋਂ ਕਰਕੇ ਨਿਗਰਾਨੀ ਕੀਤੀ ਜਾਵੇਗੀ। ਸਾਲਾਨਾ ਅਮਰਨਾਥ ਯਾਤਰਾ 3 ਜੁਲਾਈ ਤੋਂ ਸ਼ੁਰੂ ਹੋਵੇਗੀ ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਸਵੇਰੇ 11 ਵਜੇ ਆਕਾਸ਼ਵਾਣੀ 'ਤੇ "ਮਨ ਕੀ ਬਾਤ" ਪ੍ਰੋਗਰਾਮ ਵਿੱਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ। ਇਹ ਹਰ ਮਹੀਨੇ ਪ੍ਰਸਾਰਿਤ ਹੋਣ ਵਾਲੇ ਰੇਡੀਓ ਪ੍ਰੋਗਰਾਮ ਦਾ 135ਵਾਂ ਐਪੀਸੋਡ ਹੋਵੇਗਾ। 'ਮਨ ਕੀ ਬਾਤ' ਪ੍ਰੋਗਰਾਮ ਆਕਾਸ਼ਵਾਣੀ ਅਤੇ ਦੂਰਦਰਸ਼ਨ ਦੇ ਸਮੁੱਚੇ ਨੈੱਟਵਰਕ, ਆਕਾਸ਼ਵਾਣੀ ਖਬਰਾਂ ਦੀ WEBSITE ਅਤੇ NEWSONAIR ਮੋਬਾਈਲ ਐਪ 'ਤੇ ਪ੍ਰਸਾਰਿਤ ਕੀਤਾ ਜਾਵੇਗਾ। ਇਸ ਨੂੰ AIR ਨਿਊਜ਼, DD ਨਿਊਜ਼, ਪ੍ਰਧਾਨ ਮੰਤਰੀ ਦੇ ਦਫਤਰ ਅਤੇ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੇ YOUTUBE ਚੈਨਲਾਂ 'ਤੇ ਵੀ ਲਾਈਵ ਸਟ੍ਰੀਮ ਕੀਤਾ ਜਾਵੇਗਾ। ਆਕਾਸ਼ਵਾਣੀ, ਹਿੰਦੀ ਪ੍ਰਸਾਰਣ ਤੋਂ ਤੁਰੰਤ ਬਾਅਦ ਪ੍ਰੋਗਰਾਮ ਨੂੰ ਖੇਤਰੀ ਭਾਸ਼ਾਵਾਂ ਵਿੱਚ ਵੀ ਪ੍ਰਸਾਰਿਤ ਕਰੇਗਾ।

----------------------------------------------------

ਭਾਰਤ ਦੇ ਕਿਦਾਂਬੀ ਸ਼੍ਰੀਕਾਂਤ, ਰੌਨਕ ਚੌਹਾਨ ਅਤੇ ਦੇਵਿਕਾ ਸਿਹਾਗ ਕੈਲੀਫੋਰਨੀਆ ਦੇ ਫੁੱਲਰਟਨ ਵਿੱਚ, US ਓਪਨ ਬੈਡਮਿੰਟਨ ਟੂਰਨਾਮੈਂਟ ਦੇ ਸੈਮੀਫਾਈਨਲ ਵਿੱਚ ਪਹੁੰਚ ਗਏ ਨੇ।

----------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ, ਕੁਲਤਾਰ ਸਿੰਘ ਸੰਧਵਾਂ ਨੇ ਫਰੀਦਕੋਟ ਵਿੱਚ, ਕੋਟਕਪੂਰਾ ਹਲਕੇ ਦੇ ਪਿੰਡ ਮਿਸ਼ਰੀਵਾਲਾ ਵਿਖੇ ਲੋਕ ਮਿਲਣੀ ਪ੍ਰੋਗਰਾਮ ਦੌਰਾਨ, ਪਿੰਡ ਵਾਸੀਆਂ ਨਾਲ ਮੁਲਾਕਾਤ ਕਰਕੇ, ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਮੰਗਾਂ ਸੁਣੀਆਂ। ਇਸ ਮੌਕੇ ਸਪੀਕਰ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਪਾਰਦਰਸ਼ੀ, ਜਵਾਬਦੇਹ ਅਤੇ ਘਰ-ਘਰ ਤੱਕ ਸਰਕਾਰੀ ਸੇਵਾਵਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਏ। ਉਨ੍ਹਾਂ ਕਿਹਾ ਕਿ ਲੋਕ ਮਿਲਣੀ ਪ੍ਰੋਗਰਾਮਾਂ ਰਾਹੀਂ, ਆਮ ਲੋਕਾਂ ਦੀਆਂ ਸਮੱਸਿਆਵਾਂ ਨੂੰ ਸਿੱਧੇ ਤੌਰ 'ਤੇ ਸੁਣ ਕੇ ਉਨ੍ਹਾਂ ਦੇ ਹੱਲ ਲਈ ਤੁਰੰਤ ਕਾਰਵਾਈ ਯਕੀਨੀ ਬਣਾਈ ਜਾ ਰਹੀ ਏ। ਸ਼੍ਰੀ ਸੰਧਵਾਂ ਨੇ ਲੋਕਾਂ ਵੱਲੋਂ ਰੱਖੀਆਂ ਵੱਖ-ਵੱਖ ਮੰਗਾਂ ਅਤੇ ਸਮੱਸਿਆਵਾਂ ਸਬੰਧੀ, ਸਬੰਧਤ ਅਧਿਕਾਰੀਆਂ ਨੂੰ ਲੋੜੀਂਦੇ ਨਿਰਦੇਸ਼ ਜਾਰੀ ਕਰਦਿਆਂ ਕਿਹਾ ਕਿ, ਲੋਕ ਭਲਾਈ ਨਾਲ ਜੁੜੇ ਮਾਮਲਿਆਂ ਦੇ ਨਿਪਟਾਰੇ ਵਿੱਚ, ਕਿਸੇ ਕਿਸਮ ਦੀ ਢਿੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਇਸ ਮੌਕੇ, ਉਨ੍ਹਾਂ ਨੇ ਪਿੰਡ ਵਾਸੀਆਂ ਨੂੰ ਰਾਸ਼ਨ ਕਿੱਟਾਂ ਵੀ ਵੰਡੀਆਂ।

----------------------------------------------------

'ਗੈਂਗਸਟਰਾਂ ‘ਤੇ ਵਾਰ' ਮੁਹਿੰਮ ਕਲ੍ਹ 157ਵੇਂ ਦਿਨ ਵੀ ਜਾਰੀ ਰਹੀ, ਜਿਸ ਤਹਿਤ ਪੁਲਿਸ ਟੀਮਾਂ ਨੇ ਸੱਤ ਹਥਿਆਰਾਂ ਸਮੇਤ 333 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਲੈ ਕੇ ਹੁਣ ਤੱਕ ਕੁੱਲ ਗ੍ਰਿਫਤਾਰੀਆਂ ਦੀ ਗਿਣਤੀ 40 ਹਜ਼ਾਰ 684 ਹੋ ਗਈ ਏ। ਇਸ ਤੋਂ

ਇਲਾਵਾ 157 ਵਿਅਕਤੀਆਂ ਖ਼ਿਲਾਫ਼ ਇਹਤਿਹਾਤੀ ਕਾਰਵਾਈ ਕੀਤੀ ਗਈ ਏ. ਮੁਹਿੰਮ ਦੌਰਾਨ ਪੁਲਿਸ ਟੀਮਾਂ ਨੇ ਦੋ ਭਗੌੜੇ ਵਿਅਕਤੀਆਂ ਨੂੰ ਵੀ ਗ੍ਰਿਫਤਾਰ ਕੀਤਾ ਏ।

---------------------------------------------------------------

ਟ੍ਰੈਫਿਕ ਨੇਮਾਂ ਦੀ ਉਲੰਘਣਾ ਕਰਨ ਵਾਲਿਆਂ ਖਿਲਾਫ ਵਿੱਢੀ ਗਈ ਸਖ਼ਤ ਮੁਹਿੰਮ ਤਹਿਤ, ਪੰਜਾਬ ਪੁਲਿਸ ਨੇ ਵਾਹਨਾਂ 'ਤੇ ਗੈਰ-ਕਾਨੂੰਨੀ ਹੂਟਰਾਂ, ਸਾਈਰਨਾਂ, ਫਲੈਸ਼ਰਾਂ ਅਤੇ ਬਲੈਕ ਫਿਲਮਾਂ ਦੀ ਅਣ-ਅਧਿਕ੍ਰਿਤ ਵਰਤੋਂ ਵਿਰੁੱਧ 15 ਦਿਨਾਂ ਦੀ ਵਿਸ਼ੇਸ਼ ਰਾਜ ਵਿਆਪੀ ਮੁਹਿੰਮ ਚਲਾਈ.  ਪੁਲਿਸ ਦੇ ਵਿਸ਼ੇਸ਼ ਡਾਇਰੈਕਟਰ ਜਨਰਲ (ਸਪੈਸ਼ਲ ਡੀ.ਜੀ.ਪੀ.) ਲਾਅ ਐਂਡ ਆਰਡਰ ਪ੍ਰਵੀਨ ਸਿਨਹਾ ਨੇ ਮੁਹਿੰਮ ਦੇ ਵੇਰਵੇ ਸਾਂਝੇ ਕਰਦਿਆਂ ਦੱਸਿਆ ਕਿ ਇਸ 15 ਦਿਨਾਂ ਦੀ ਮੁਹਿੰਮ ਦੇ ਨਤੀਜਿਆਂ ਬਾਰੇ ਜਾਣਕਾਰੀ ਦਿੰਦਿਆਂ ਵਿਸ਼ੇਸ਼ ਡੀ.ਜੀ.ਪੀ. ਨੇ ਦੱਸਿਆ ਕਿ ਪੁਲਿਸ ਟੀਮਾਂ ਵੱਲੋਂ ਕਰੀਬ 1, ਲਖ 80 ਹਜ਼ਾਰ ਵਾਹਨਾਂ ਦੀ ਚੈਕਿੰਗ ਕੀਤੀ ਗਈ। ਇਸ ਵਿਆਪਕ ਚੈਕਿੰਗ ਦੌਰਾਨ ਟੀਮਾਂ ਨੇ ਅਣ-ਅਧਿਕ੍ਰਿਤ ਵਾਹਨਾਂ ਤੋਂ 202 ਹੂਟਰ, 49 ਸਾਈਰਨ ਅਤੇ 2,430 ਫਲੈਸ਼ਰ ਸਫਲਤਾ ਨਾਲ ਹਟਾਏ। ਉਨ੍ਹਾਂ ਅੱਗੇ ਦੱਸਿਆ ਕਿ ਕਾਲੇ ਸ਼ੀਸ਼ਿਆਂ ਵਿਰੁੱਧ ਵੀ ਸਖ਼ਤ ਕਾਰਵਾਈ ਕੀਤੀ ਗਈ, ਜਿਸ ਤਹਿਤ 2 ਹਜ਼ਾਰ 445 ਵਾਹਨਾਂ ਤੋਂ ਮੌਕੇ 'ਤੇ ਹੀ ਗੈਰ-ਕਾਨੂੰਨੀ ਬਲੈਕ ਫਿਲਮਾਂ ਹਟਾਈਆਂ ਗਈਆਂ ਤੇ ਉਲੰਘਣਾ ਕਰਨ ਵਾਲੇ ਕੁੱਲ 39 ਹਜ਼ਾਰ 872 ਵਾਹਨਾਂ ਦੇ ਚਲਾਨ ਕੀਤੇ ਗਏ ਅਤੇ 412 ਵਾਹਨਾਂ ਨੂੰ

ਜ਼ਬਤ ਕੀਤਾ ਗਿਆ। ਉਲੰਘਣਾ ਕਰਨ ਵਾਲਿਆਂ ਨੂੰ ਸਖ਼ਤ ਕਾਨੂੰਨੀ ਨਤੀਜਿਆਂ ਦੀ ਚੇਤਾਵਨੀ ਦਿੰਦਿਆਂ ਵਿਸ਼ੇਸ਼ ਡੀ.ਜੀ.ਪੀ. ਪ੍ਰਵੀਨ ਸਿਨਹਾ ਨੇ ਕਿਹਾ ਕਿ ਇਹ ਮੁਹਿੰਮ ਨਿਯਮਤ ਚੈਕਿੰਗ ਦੇ ਨਾਲ ਸੂਬੇ ਭਰ ਵਿੱਚ ਜਾਰੀ ਰਹੇਗੀ.

-----------------------------------------------------

- ਉਪ-ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਕਿਹਾ ਏ ਕਿ MSME ਖੇਤਰ, ਦੇਸ਼ ਦੀ ਆਰਥਿਕਤਾ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦਾ ਏ |

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਅਗਲੇ ਪੜਾਅ 'ਸੂਰਮਾ' ਮੁਹਿੰਮ ਦੀ ਸ਼ੁਰੂਆਤ । ਨਸ਼ਾ ਛੱਡ ਚੁੱਕੇ ਨੌਜਵਾਨ ਹੋਰਨਾਂ ਲੋਕਾਂ ਨੂੰ ਨਸ਼ਾ ਛੱਡਣ ‘ਚ ਕਰਨਗੇ ਮਦਦ |

- ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਨਸ਼ਿਆਂ ਦੀ ਦੁਰਵਰਤੋਂ ਅਤੇ ਗੈਰ-ਕਾਨੂੰਨੀ ਤਸਕਰੀ ਨੂੰ ਖਤਮ ਕਰਨ ਲਈ ਇੱਕ ਸਾਂਝੀ ਸਮਾਜਿਕ ਲਹਿਰ ਦਾ ਸੱਦਾ ਦਿੱਤਾ ਏ ।

- ਪੰਜਾਬ ਪੁਲਿਸ ਨੇ ਅੰਮ੍ਰਿਤਸਰ ਵਿੱਚ, ਸਰਹੱਦ ਪਾਰੋਂ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਦੇ ਇੱਕ ਹੋਰ ਨੈੱਟਵਰਕ ਦਾ ਪਰਦਾਫਾਸ਼ ਕਰਦਿਆਂ, 4 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਏ।

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਸਵੇਰੇ 11 ਵਜੇ ਆਕਾਸ਼ਵਾਣੀ 'ਤੇ "ਮਨ ਕੀ ਬਾਤ" ਪ੍ਰੋਗਰਾਮ ਵਿੱਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ।

--------------------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7.30 ਵਜੇ ਨਮਸਕਾਰ !**